# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :13-02-2026**

ਵਿਸ਼ਵ ਰੇਡੀਓ ਦਿਵਸ ਅੱਜ ਮਨਾਇਆ ਜਾ ਰਿਹਾ ਏ । ਇਹ ਦਿਨ ਹਰ ਸਾਲ 13 ਫਰਵਰੀ ਨੂੰ 1946 ਵਿੱਚ ਸੰਯੁਕਤ ਰਾਸ਼ਟਰ ਰੇਡੀਓ ਦੀ ਸਥਾਪਨਾ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਇਸ ਸਾਲ ਦਾ ਥੀਮ "ਰੇਡੀਓ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ: ਏਆਈ ਇੱਕ ਉਪਕਰਨ ਏ, ਇੱਕ ਆਵਾਜ਼ ਨਹੀਂ" ਰੱਖਿਆ ਗਿਆ ਏ। ਵਿਸ਼ਵ ਰੇਡੀਓ ਦਿਵਸ 2026 ਨੂੰ ਮਨਾਉਣ ਲਈ, ਆਕਾਸ਼ਵਾਣੀ ਰਾਏਪੁਰ, ਛੱਤੀਸਗੜ੍ਹ, ਯੂਨੈਸਕੋ ਦੇ ਸਹਿਯੋਗ ਨਾਲ, ਅੱਜ ਇੱਕ ਵਿਸ਼ਵ ਰੇਡੀਓ ਦਿਵਸ ਗੋਸ਼ਟੀ ਦਾ ਆਯੋਜਨ ਕਰ ਰਿਹਾ ਏ। ਇਹ ਗੋਸ਼ਟੀ ਇਸ ਸਾਲ ਦੇ ਥੀਮ 'ਤੇ ਕੇਂਦ੍ਰਤ ਏ ਜਿਸ ਵਿਚ ਗੱਲ 'ਤੇ ਚਰਚਾ ਕੀਤੀ ਜਾਵੇਗੀ ਕਿ ਕਿਵੇਂ ਆਰਟੀਫੀਸ਼ੀਅਲ ਇੰਟੈਲੀਜੈਂਸ , ਮਨੁੱਖੀ ਆਵਾਜ਼ ਨੂੰ ਰੇਡੀਓ ਪ੍ਰਸਾਰਣ ਦੇ ਕੇਂਦਰ ਵਿੱਚ ਰੱਖਦਿਆਂ ਸਮੱਗਰੀ ਦੀ ਸਿਰਜਣਾ, ਸਰੋਤਿਆਂ ਦੀ ਸ਼ਮੂਲੀਅਤ ਅਤੇ ਪਹੁੰਚ ਨੂੰ ਮਜ਼ਬੂਤ ਕਰ ਸਕਦਾ ਕਰ ਸਕਦੀ ਏ। ਇਹ

ਥੀਮ ਪ੍ਰਸਾਰਣ ਪ੍ਰਣਾਲੀ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਧਦੀ ਭੂਮਿਕਾ ਨੂੰ ਵੀ ਉਜਾਗਰ ਕਰਦਾ ਏ । ਇਸ ਤੋਂ ਇਲਾਵਾ, ਥੀਮ ਜ਼ਰੀਏ ਇਹ ਸੁਨੇਹਾ ਵੀ ਦਿੱਤਾ ਗਿਆ ਏ ਕਿ ਤਕਨਾਲੋਜੀ ਸਿਰਫ਼ ਇੱਕ ਸਹਾਇਕ ਮਾਧਿਅਮ ਏ ਇਹ ਮਨੁੱਖੀ ਆਵਾਜ਼ ਦੀ ਥਾਂ ਨਹੀਂ ਲੈ ਸਕਦੀ । ਸੰਪਾਦਕੀ ਵਿਵੇਕ ਅਤੇ ਭਰੋਸੇਯੋਗਤਾ ਰੇਡੀਓ ਦੇ ਅਸਲ ਪਛਾਣ ਨੇ ।

---

ਵਿਸ਼ਵ ਰੇਡੀਓ ਦਿਵਸ 'ਤੇ ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਦਿਨ ਰੇਡੀਓ ਨਾਲ ਜੁੜੇ ਲੋਕਾਂ ਦੇ ਯਤਨਾਂ ਦਾ ਸਨਮਾਨ ਕਰਨ ਦਾ ਮੌਕਾ ਏ । ਉਨ੍ਹਾਂ ਕਿਹਾ ਕਿ ਰੇਡੀਓ ਇੱਕ ਅਜਿਹਾ ਮਾਧਿਅਮ ਏ ਜੋ ਦੂਰ-ਦੁਰਾਡੇ ਪਿੰਡਾਂ ਤੋਂ ਲੈ ਕੇ ਵਿਅਸਤ ਸ਼ਹਿਰਾਂ ਤੱਕ, ਲੋਕਾਂ ਲਈ ਇੱਕ ਭਰੋਸੇਯੋਗ ਆਵਾਜ਼ ਵਜੋਂ ਕੰਮ ਕਰਦਾ ਏ । ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਸਾਲਾਂ ਤੋਂ, ਰੇਡੀਓ ਨੇ ਸਮੇਂ ਸਿਰ ਜਾਣਕਾਰੀ ਦਾ ਪ੍ਰਸਾਰ ਕਰਨ, ਪ੍ਰਤਿਭਾ ਨੂੰ ਇੱਕ ਮੰਚ ਪ੍ਰਦਾਨ ਕਰਨ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਦਾ ਕੰਮ ਕੀਤਾ ਏ । ਆਪਣੇ ਪ੍ਰੋਗਰਾਮ 'ਮਨ ਕੀ ਬਾਤ' ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਇਸ ਪ੍ਰੋਗਰਾਮ ਰਾਹੀਂ, ਉਨ੍ਹਾਂ ਨੇ ਸਮਾਜ ਦੀ ਸ਼ਕਤੀ ਨੂੰ ਜਾਰੀ ਕਰਨ ਵਿੱਚ ਰੇਡੀਓ ਦੀ

ਸੰਭਾਵਨਾ ਦਾ ਅਨੁਭਵ ਕੀਤਾ ਏ । ਪ੍ਰਧਾਨ ਮੰਤਰੀ ਨੇ ਨਾਗਰਿਕਾਂ ਨੂੰ 'ਮਨ ਕੀ ਬਾਤ' ਪ੍ਰੋਗਰਾਮ ਲਈ ਆਪਣੇ ਸੁਝਾਅ ਸਾਂਝੇ ਕਰਨ ਦੀ ਵੀ ਅਪੀਲ ਕੀਤੀ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਪ੍ਰਸਾਰਿਤ ਕੀਤਾ ਜਾਵੇਗਾ। ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ ਡਾ. ਐਲ ਮੁਰੂਗਨ ਨੇ ਕਿਹਾ ਕਿ ਰੇਡੀਓ ਆਮ ਲੋਕਾਂ ਤੱਕ ਜਾਣਕਾਰੀ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ । BYTE:RNU130226

---------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ ਜਲੰਧਰ ਸਥਿਤ ਆਪਣੇ ਨਿਵਾਸ ਸਥਾਨ 'ਤੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਨਾਗਰਿਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਪਹਿਲਕਦਮੀ ਨੂੰ ਲੋਕਾਂ ਦੀਆਂ ਸ਼ਿਕਾਇਤਾਂ ਹੱਲ ਕਰਨ ਲਈ ਸਭ ਤੋਂ ਪ੍ਰਭਾਵਸ਼ਾਲੀ ਜ਼ਰੀਆ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਇਕਲੌਤਾ ਸੂਬਾ ਏ ਜਿੱਥੇ ਸੂਬੇ ਦਾ ਮੁਖੀ ਲੋਕਾਂ ਨੂੰ ਨਿੱਜੀ ਤੌਰ 'ਤੇ ਮਿਲ ਕੇ ਉਨ੍ਹਾਂ ਦੇ ਮਸਲਿਆਂ ਦਾ ਮੌਕੇ ‘ਤੇ ਹੀ ਨਿਪਟਾਰਾ ਕਰਨਾ ਯਕੀਨੀ ਬਣਾਉਂਦਾ ਏ । ਮੁੱਖ ਮੰਤਰੀ ਨੇ ਕਿਹਾ ਕਿ ਲੋਕ ਮਿਲਣੀਆਂ ਇਕੋ ਮੰਚ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ

ਅਤੇ ਸੁਚੱਜੇ ਸ਼ਾਸਨ ਸਬੰਧੀ ਲੋਕਾਂ ਤੋਂ ਪ੍ਰਤੀਕਰਮ ਲੈਣ ਲਈ ਸਭ ਤੋਂ ਬਿਹਤਰੀਨ ਢੰਗ ਏ।

---------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ 100 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਬੁਨਿਆਦੀ ਢਾਂਚੇ ਦੇ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਇਨ੍ਹਾਂ ਪ੍ਰੋਜੈਕਟਾਂ ਵਿੱਚ ਸਵਾਂ ਨਦੀ ਅਤੇ ਸਤਲੁਜ ਦਰਿਆ ਉੱਤੇ ਬਣਾਏ ਜਾ ਰਹੇ ਚਾਰ ਪੁਲ ਸ਼ਾਮਲ ਨੇ ਜੋ 100 ਤੋਂ ਵੱਧ ਪਿੰਡਾਂ ਅਤੇ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਨਾਲ ਸੰਪਰਕ ਨੂੰ ਬਿਹਤਰ ਬਣਾਉਣਗੇ। ਕੱਲ ਰੋਪੜ ਜ਼ਿਲ੍ਹੇ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਆਪਣੇ ਦਫ਼ਤਰ ਵਿਖੇ ਮੀਟਿੰਗ ਦੌਰਾਨ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਪ੍ਰੋਜੈਕਟਾਂ 'ਤੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਗੁਣਵੱਤਾ ਦੇ ਮਿਆਰ ਨੂੰ ਕਾਇਮ ਰੱਖਿਆ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਜਾਂ ਦੇਰੀ ਦੀ ਸੂਰਤ ਵਿੱਚ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ 8ਵੀਂ, 10ਵੀਂ ਅਤੇ 12ਵੀਂ ਫਰਵਰੀ-ਮਾਰਚ-2026 ਦੀਆਂ ਓਪਨ ਸਕੂਲ ਸਮੇਤ ਸਾਲਾਨਾ

ਪ੍ਰੀਖਿਆਵਾਂ ਦੇ ਮੱਦੇਨਜ਼ਰ 17 ਫਰਵਰੀ ਤੋਂ 4 ਅਪ੍ਰੈਲ ਤੱਕ ਬੋਰਡ ਵੱਲੋਂ ਬਣਾਏ ਗਏ ਵੱਖ-ਵੱਖ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਦਾਇਰੇ ਵਿੱਚ ਪ੍ਰੀਖਿਆਰਥੀਆਂ ਅਤੇ ਪ੍ਰੀਖਿਆ ਡਿਊਟੀ ‘ਤੇ ਤਾਇਨਾਤ ਕਰਮਚਾਰੀਆਂ ਤੋਂ ਇਲਾਵਾ ਆਮ ਲੋਕਾਂ ਦੇ ਇਕੱਠੇ ਹੋਣ ‘ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਨੇ । ਕਪੂਰਥਲਾ ਦੇ ਜ਼ਿਲ੍ਹਾ ਮੈਜਿਸਟਰੇਟ ਅਮਿਤ ਕੁਮਾਰ ਪੰਚਾਲ ਨੇ ਦਸਿਆ ਕਿ ਇਹ ਪ੍ਰੀਖਿਆਵਾਂ ਸਵੇਰੇ ਸਾਢੇ 11 ਵਜੇ ਤੋਂ ਦੁਪਹਿਰ ਸਵਾ 2 ਵਜੇ ਤੱਕ ਬੋਰਡ ਵੱਲੋਂ ਸਥਾਪਤ ਕੀਤੇ ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿੱਚ ਕਰਵਾਈਆਂ ਜਾ ਰਹੀਆਂ ਨੇ । ਹੁਕਮਾਂ ਵਿਚ ਕਿਹਾ ਗਿਆ ਏ ਕਿ ਪ੍ਰੀਖਿਆਵਾਂ ਦੌਰਾਨ ਬੋਰਡ ਵੱਲੋਂ ਸਥਾਪਤ ਕੇਂਦਰਾਂ ‘ਤੇ ਕੋਈ ਅਣ-ਸੁਖਾਵੀਂ ਘਟਨਾ ਨਾ ਵਾਪਰੇ ਅਤੇ ਪ੍ਰੀਖਿਆ ਨੂੰ ਸੁਚੱਜੇ ਢੰਗ ਨਾਲ ਮੁਕੰਮਲ ਕਰਵਾਉਣ ਲਈ ਪ੍ਰੀਖਿਆ ਕੇਂਦਰਾਂ ਦੇ ਨੇੜੇ ਲੋਕਾਂ ਦੀ ਇਕੱਤਰਤਾ ਨੂੰ ਰੋਕਣ ਲਈ ਮਨਾਹੀ ਦੇ ਹੁਕਮ ਜਾਰੀ ਕੀਤੇ ਜਾਣੇ ਲਾਜ਼ਮੀ ਨੇ ।

------------------------------------------------------------------------

ਪਠਾਨਕੋਟ-ਜੰਮੂ ਕੌਮੀ ਸ਼ਾਹਰਾਹ 'ਤੇ ਬੀਤੀ ਰਾਤ ਇੱਕ ਟੱਰਕ ਅਤੇ ਆਟੋ-ਰਿਕਸ਼ਾ ਵਿਚਕਾਰ ਟੱਕਰ ਹੋਣ ਕਾਰਨ ਆਟੋ-ਰਿਕਸ਼ਾ ਸਵਾਰ ਦੋ ਵਿਅਕਤੀਆਂ ਦੀ ਮੌਤ ਹੋ ਗਈ ਜਦਕਿ ਤਿੰਨ ਗੰਭੀਰ ਜ਼ਖਮੀ ਹੋਏ ਨੇ । ਸਾਡੇ ਪਤਰਕਾਰ ਨੇ ਦਸਿਆ ਕਿ ਇਹ ਹਾਦਸਾ ਉਸ ਵੇਲੇ ਵਾਪਰਿਆ

ਜਦੋਂ ਗਲਤ ਪਾਸੇ ਤੋਂ ਆ ਰਿਹਾ ਇੱਕ ਫੌਜ ਦਾ ਟਰੱਕ ਇੱਕ ਆਟੋ-ਰਿਕਸ਼ਾ ਨਾਲ ਟਕਰਾ ਗਿਆ। ਇਲਾਕਾ ਵਾਸੀਆਂ ਨੇ ਪੁਲਿਸ ਨੂੰ ਇਸ ਬਾਰੇ ਸੂਚਨਾ ਦਿਤੀ ਅਤੇ ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਪੁਲਿਸ ਨੇ ਫੌਜ ਦੇ ਟਰੱਕ ਨੂੰ ਕਬਜ਼ੇ ਵਿੱਚ ਲੈਕੇ ਅਤੇ ਜਾਂਚ ਸ਼ੁਰੂ ਕਰ ਦਿੱਤੀ।

-----------------------------------------------------------------------------

ਕੈਨੇਡਾ ਦੀ ਯੂਨੀਵਰਸਿਟੀ ਆਫ ਫਰੇਜ਼ਰ ਵੈਲੀ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਬੈਚਲਰ ਆਫ਼ ਬਿਜ਼ਨਸ ਐਡਮਿਨਿਸਟ੍ਰੇਸ਼ਨ-BBA ਵਿੱਚ ਦੋਹਰੀ ਡਿਗਰੀ ਪ੍ਰੋਗਰਾਮ ਸ਼ੁਰੂ ਕਰਨ ਲਈ ਇੱਕ ਸਮਝੌਤੇ 'ਤੇ ਹਸਤਾਖਰ ਕੀਤੇ ਨੇ। ਇਸ ਸਮਝੌਤਾ ਰਜਿਸਟਰਾਰ, ਪ੍ਰੋ. ਵਾਈ. ਪੀ. ਵਰਮਾ, ਅਤੇ ਯੂ.ਐਫ.ਵੀ ਦੇ ਪ੍ਰਧਾਨ ਅਤੇ ਵਾਈਸ ਚਾਂਸਲਰ, ਡਾ. ਜੇਮਜ਼ ਮੈਂਡੀਗੋ ਨੇ ਕੱਲ ਪੀ.ਯੂ ਕੈਂਪਸ ਵਿੱਚ ਪੰਜਾਬ ਯੂਨੀਵਰਸਿਟੀ, ਦੇ ਵਾਈਸ ਚਾਂਸਲਰ, ਪ੍ਰੋ. ਰੇਨੂ ਵਿਗ ਦੀ ਮੌਜੂਦਗੀ ਵਿੱਚ ਹਸਤਾਖਰ ਕੀਤਾ ਗਿਆ। ਇਹ ਸਮਝੌਤਾ ਯੂਨੀਵਰਸਿਟੀ ਇੰਸਟੀਚਿਊਟ ਆਫ਼ ਅਪਲਾਈਡ ਮੈਨੇਜਮੈਂਟ ਸਾਇੰਸਿਜ਼, ਪੀਯੂ ਵਿਖੇ ਬੀ.ਬੀ.ਏ ਦੂਹਰੀ ਡਿਗਰੀ ਪ੍ਰੋਗਰਾਮ ਦੀ ਸਥਾਪਨਾ ਦੀ ਵਿਵਸਥਾ ਕਰਦਾ ਏ। ਇਸ ਨਾਲ ਵਿਦਿਆਰਥੀਆਂ ਨੂੰ ਯੂ.ਐਫ.ਵੀ ਵਿਖੇ ਬੀਬੀਏ ਪ੍ਰੋਗਰਾਮ ਦੇ ਤੀਜੇ ਸਾਲ ਵਿੱਚ ਸਿੱਧਾ ਦਾਖਲਾ ਮਿਲ ਸਕੇਗਾ।

ਪ੍ਰੋ. ਰੇਨੂ ਵਿਗ ਨੇ ਵਫ਼ਦ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਅੰਤਰਰਾਸ਼ਟਰੀ ਅਕਾਦਮਿਕ ਭਾਈਵਾਲੀ ਅਕਾਦਮਿਕ ਮਿਆਰਾਂ ਨੂੰ ਮਜ਼ਬੂਤ ਕਰਦੀ ਏ । ਵਾਈਸ ਚਾਂਸਲਰ, ਡਾ. ਮੈਂਡੀਗੋ ਨੇ ਪੀਯੂ ਅਧਿਕਾਰੀਆਂ ਦਾ ਧੰਨਵਾਦ ਕੀਤਾ ਅਤੇ ਭਾਰਤ ਅਤੇ ਕੈਨੇਡਾ ਵਿੱਚ ਇਹਨਾਂ ਦੋ ਪ੍ਰਮੁੱਖ ਸੰਸਥਾਵਾਂ ਵਿਚਕਾਰ ਲਗਭਗ ਦੋ ਦਹਾਕੇ ਪੁਰਾਣੇ ਸਬੰਧਾਂ ਦਾ ਜ਼ਿਕਰ ਕੀਤਾ। ਉਨਾ ਉਮੀਦ ਜਤਾਈ ਕਿ ਇਹ ਦੋਹਰਾ ਡਿਗਰੀ ਪ੍ਰੋਗਰਾਮ ਅਕਾਦਮਿਕ ਸਬੰਧਾਂ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਵਿਦਿਆਰਥੀਆਂ ਲਈ ਨਵੇਂ ਮੌਕੇ ਪੈਦਾ ਕਰੇਗਾ।

-----------------------------------------------------------------------

ਟਵੈਂਟੀ-20 ਕ੍ਰਿਕਟ ਵਿਸ਼ਵ ਕੱਪ ਦੇ ਗਰੁੱਪ-ਏ ਮੈਚ ਵਿੱਚ ਬੀਤੀ ਰਾਤ ਭਾਰਤ ਨੇ ਨਾਮੀਬੀਆ ਨੂੰ 93 ਦੌੜਾਂ ਨਾਲ ਹਰਾਇਆ। ਭਾਰਤ ਦੀ ਟਵੈਂਟੀ-20 ਵਿਸ਼ਵ ਕੱਪ ਵਿੱਚ ਦੌੜਾਂ ਦੇ ਫ਼ਰਕ ਨਾਲ ਇਹ ਸਭ ਤੋਂ ਵੱਡੀ ਜਿੱਤ ਏ । ਭਾਰਤ ਨੇ ਨਿਰਧਾਰਤ 20 ਓਵਰਾਂ ਵਿੱਚ 9 ਵਿਕਟਾਂ 'ਤੇ 209 ਦੌੜਾਂ ਬਣਾਈਆਂ। ਟੀਚੇ ਦਾ ਪਿੱਛਾ ਕਰਦੇ ਹੋਏ ਨਾਮੀਬੀਆ ਦੀ ਟੀਮ 10 ਗੇਂਦਾਂ ਬਾਕੀ ਰਹਿੰਦਿਆਂ 116 ਦੌੜਾਂ 'ਤੇ ਆਲ ਆਊਟ ਹੋ ਗਈ । ਈਸ਼ਾਨ ਕਿਸ਼ਨ ਨੇ 24 ਗੇਂਦਾਂ ਵਿੱਚ 61 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ। ਹਾਰਦਿਕ ਪਾਂਡਯਾ ਨੇ ਵੀ 52 ਦੌੜਾਂ ਬਣਾਈਆਂ।

ਹਾਰਦਿਕ ਪਾਂਡਯਾ ਨੂੰ ਮੈਨ ਆਫ਼ ਦ ਮੈਚ ਚੁਣਿਆ ਗਿਆ।